# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-03-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੋਈ 1.25 ਲੱਖ ਕਰੋੜ ਰੁਪਏ ਦੀਆਂ ਤਿੰਨ ਸੈਮੀਕੰਡਕਟਰ ਸਹੂਲਤਾਂ ਦਾ ਵੀਡੀਓ ਕਾਨਫਰੰਸਿੰਗ ਰਾਹੀਂ ਨੀਂਹ ਪੱਥਰ ਰੱਖਿਆ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਅਧਿਕਾਰੀਆਂ ਨੂੰ ਅਗਾਮੀ ਲੋਕ ਸਭਾ ਚੋਣਾਂ ਬਿਨਾਂ ਕਿਸੇ ਡਰ-ਭੈਅ, ਨਿਰਪੱਖ ਅਤੇ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਢੁਕਵੇਂ ਕਦਮ ਚੁੱਕਣ ਲਈ ਆਖਿਆ।
- ਪੰਜਾਬ ਵਿੱਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਕਾਰਨ ਕਈ ਜ਼ਿਲਿਆਂ ਵਿਚ ਸੰਘਣੀ ਬੱਦਲਵਾਈ ਬਣੀ ਹੋਈ ਏ, ਮੌਸਮ ਵਿਭਾਗ ਨੇ ਹਨੇਰੀ ਝੱਖੜ ਝੁਲਣ ਤੇ ਮੀਂਹ ਦੀ ਚੇਤਾਵਨੀ ਦਿੱਤੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ 'ਇੰਡੀਆਜ਼ ਟੇਕਡ : ਚਿਪਸ ਫਾਰ ਵਿਕਸਿਤ ਭਾਰਤ' ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਕੋਈ ਇਕ ਲੱਖ 25 ਹਜ਼ਾਰ  ਕਰੋੜ ਰੁਪਏ ਦੀਆਂ ਤਿੰਨ ਸੈਮੀ-ਕੰਡਕਟਰ ਸਹੂਲਤਾਂ ਦਾ ਵੀਡੀਓ ਕਾਨਫਰੰਸਿੰਗ ਰਾਹੀਂ ਨੀਂਹ ਪੱਥਰ ਰੱਖਿਆ । ਸੈਮੀ-ਕੰਡਕਟਰਾਂ ਨੂੰ ਭਵਿੱਖ ਦੇ ਵਿਕਾਸ ਦਾ ਗੇਟਵੇ ਦੱਸਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਦੇ ਫੈਸਲੇ ਅਤੇ ਨੀਤੀਆਂ ਸਾਨੂੰ ਭਵਿੱਖ ਵਿੱਚ ਰਣਨੀਤਕ ਲਾਭ ਦੇਣਗੀਆਂ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ 21ਵੀਂ ਸਦੀ ਤਕਨਾਲੋਜੀ ਸੰਚਾਲਿਤ ਏ ਅਤੇ ਇਲੈਕਟ੍ਰਾਨਿਕ ਚਿਪਸ ਤੋਂ ਬਿਨਾਂ ਸੰਸਾਰ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਉਨਾਂ ਕਿਹਾ ਕਿ 'ਮੇਡ ਇਨ ਇੰਡੀਆ' ਅਤੇ 'ਡਿਜ਼ਾਈਨ ਇਨ ਇੰਡੀਆ' ਚਿਪਸ ਭਾਰਤ ਨੂੰ ਨਵੀਆਂ ਉਪਲੱਬਧੀਆਂ ਹਾਸਲ ਕਰਨ ਅਤੇ ਆਤਮ-ਨਿਰਭਰਤਾ ’ਚ ਨਵੇਂ ਮੀਲ ਪੱਥਰਾਂ ਨੂੰ ਹਾਸਲ ਕਰਨ ਵਿੱਚ ਮਦਦ ਕਰਨਗੇ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਅਧਿਕਾਰੀਆਂ ਨੂੰ

ਆਉਂਦੀਆਂ ਲੋਕ ਸਭਾ ਚੋਣਾਂ ਬਿਨਾਂ ਕਿਸੇ ਡਰ-ਭੈਅ, ਨਿਰਪੱਖ ਅਤੇ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਆਖਿਆ ਏ। ਲੁਧਿਆਣਾ ਵਿਚ ਅੱਜ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਇਕ ਮੀਟਿੰਗ ਦੌਰਾਨ ਉਨਾਂ ਕਿਹਾ ਕਿ ਇਹ ਚੋਣਾਂ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਹੋਣੀਆਂ ਲਾਜ਼ਮੀ ਨੇ ਤਾਂ ਜੋ ਲੋਕ ਆਜ਼ਾਦੀ ਨਾਲ ਵੋਟ ਪਾ ਸਕਣ। ਉਨ੍ਹਾਂ ਕਿਹਾ ਕਿ ਇਹ ਚੋਣਾਂ ਜਮਹੂਰੀਅਤ ਦਾ ਜਸ਼ਨ ਨੇ ਜਿਸ ਕਰਕੇ ਇਹ ਯਕੀਨੀ ਬਣਾਉਣਾ ਚਾਹੀਦਾ ਏ ਕਿ ਹਰੇਕ ਵੋਟਰ ਬੇਖੌਫ਼ ਹੋ ਕੇ ਇਨ੍ਹਾਂ ਚੋਣਾਂ ਵਿੱਚ ਹਿੱਸਾ ਲਵੇ। ਮੁਖ ਮੰਤਰੀ ਨੇ ਕਿਹਾ ਕਿ ਪੁਲਿਸ ਅਧਿਕਾਰੀਆਂ ਨੂੰ ਇਸ ਮੰਤਵ ਲਈ ਢੁਕਵੇਂ ਪ੍ਰਬੰਧ ਕਰਨੇ ਚਾਹੀਦੇ ਨੇ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਉਨਾਂ ਪੁਲਿਸ ਅਧਿਕਾਰੀਆਂ ਨੂੰ ਕਿਹਾ ਕਿ ਚੋਣਾਂ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਸਿਆਸੀ ਪਾਰਟੀਆਂ ਸਮੇਤ ਸਾਰੇ ਪ੍ਰਮੁੱਖ ਭਾਈਵਾਲਾਂ ਨਾਲ ਤਾਲਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਿਆਸੀ ਪਾਰਟੀਆਂ ਵਿੱਚ ਸੁਰੱਖਿਆ ਅਤੇ ਹਿਫਾਜ਼ਤ ਦੀ ਭਾਵਨਾ ਹੋਣੀ ਚਾਹੀਦੀ ਏ ਤਾਂ ਜੋ ਸਾਰੀਆਂ ਪਾਰਟੀਆਂ ਵੱਧ-ਚੜ੍ਹ ਕੇ ਚੋਣਾਂ ਵਿੱਚ ਹਿੱਸਾ ਲੈ ਸਕਣ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਰਾਜ ਪੱਧਰੀ ਮੀਡੀਆ ਸਰਟੀਫਿਕੇਸ਼ਨ ਤੇ ਮੋਨੀਟਰਿੰਗ ਕਮੇਟੀ MCMC ਅਤੇ ਸਰਟੀਫਿਕੇਸ਼ਨ ਆਫ ਐਡਵਰਟਾਈਜ਼ਮੈਂਟ ਕਮੇਟੀਆਂ ਦਾ ਗਠਨ ਕਰ ਦਿੱਤਾ ਏ। ਚੰਡੀਗੜ੍ਹ ਵਿਚ ਅੱਜ ਉਨ੍ਹਾਂ ਦੱਸਿਆ ਕਿ ਐਮ ਸੀ ਐਮ ਸੀ ਲਈ 6 ਮੈਂਬਰੀ ਕਮੇਟੀ ਬਣਾਈ ਗਈ ਏ ਜਦਕਿ ਸਰਟੀਫਿਕੇਸ਼ਨ ਆਫ ਐਡਵਰਟਾਈਜ਼ਮੈਂਟ ਕਮੇਟੀ ਵਿਚ 4 ਮੈਂਬਰ ਹੋਣਗੇ। MCMC ਦੇ ਚੇਅਰਮੈਨ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਹੋਣਗੇ ਜਦਕਿ ਵਧੀਕ ਮੁੱਖ ਚੋਣ ਅਧਿਕਾਰੀ ਅਭਿਜੀਤ ਕਪਲਿਸ਼ ਮੈਂਬਰ ਸਕੱਤਰ ਹੋਣਗੇ। ਇਸ ਤੋਂ ਇਲਾਵਾ ਪ੍ਰੈੱਸ ਇਨਫਾਰਮੇਸ਼ਨ ਬਿਊਰੋ ਪੀ ਆਈ ਬੀ ਵੱਲੋਂ ਨਾਮਜਦ ਡੀ.ਜੀ./ਏ.ਡੀ.ਜੀ ਪੱਧਰ ਦੇ ਅਧਿਕਾਰੀ ਨੋਡਲ ਅਫਸਰ ਹੋਣਗੇ।

---

ਕੇਂਦਰ ਸਰਕਾਰ ਵਲੋਂ ਨਾਗਰਿਕਤਾ ਸੋਧ ਕ਼ਾਨੂਨ ਲਾਗੂ ਕਰਨ ਦਾ ਪੰਜਾਬ ਵਿਚ ਰਹਿੰਦੇ ਅਫਗਾਨਿਸਤਾਨ ਤੇ ਪਾਕਿਸਤਾਨ ਤੋਂ ਆਏ ਲੋਕਾਂ

ਨੇ ਦਿਲ ਖੋਲ ਕੇ ਭਰਵਾਂ ਸਵਾਗਤ ਕੀਤਾ ਏ। ਜਲੰਧਰ ਤੇ ਅੰਮ੍ਰਿਤਸਰ ਸਮੇਤ ਕਈ ਹੋਰਨਾਂ ਸ਼ਹਿਰਾਂ ਵਿਚ ਇਹ ਸ਼ਰਨਾਰਥੀ ਵਜੋਂ ਰਹਿ ਰਹੇ ਨੇ ਅਤੇ ਕ਼ਾਨੂਨ ਲਾਗੂ ਹੋਣ ਮਗਰੋਂ ਇਨਾਂ ਨੂੰ ਭਾਰਤ ਦੀ ਨਾਗਰਿਕਤਾ ਮਿਲਣ ਦਾ ਰਾਹ ਪੱਧਰਾ ਹੋ ਗਿਆ ਏ। **ਵੇਰਵੇ ਨਾਲ ਇਹ ਰਿਪੋਰਟ:** ***ਡਿਸਪੈਚ:ਜਲੰਧਰ ਸ਼ਹਿਰ ਦੇ ਕਈ ਇਲਾਕਿਆਂ ਵਿਚ ਪਾਕਿਸਤਾਨ ਤੋਂ ਆਏ ਅਨੇਕਾਂ ਪਰਿਵਾਰ ਵਰ੍ਹਿਆਂ ਤੋਂ ਆਪਣਾ ਗੁਜਰ ਬਸਰ ਕਰ ਰਹੇ ਨੇ। ਭਾਵੇਂ ਸਮਾਜ ਨੇ ਇਨਾਂ ਨੂੰ ਭਰਵਾਂ ਪਿਆਰ ਦਿੱਤਾ ਤੇ ਕਿਸੇ ਕਿਸਮ ਦੇ ਬੇਗ਼ਾਨੇਪਨ ਦਾ ਅਹਿਸਾਸ ਨਹੀਂ ਹੋਣ ਦਿੱਤਾ ਪਰ ਨਾਗਰਿਕਤਾ ਨਾ ਹੋਣ ਦੀ ਟੀਸ ਹਮੇਸ਼ਾ ਇਨਾਂ ਦੇ ਦਿਲ ਤੇ ਡੂੰਘੀ ਸਟ ਮਾਰਦੀ ਰਹੀ। ਹੁਣ ਇਸ ਟੀਸ ਨੂੰ ਨਾਗਰਿਕਤਾ ਸੋਧ ਕ਼ਾਨੂਨ ਨੇ ਦੂਰ ਕਰ ਦਿੱਤਾ ਏ ਅਤੇ ਇਨਾਂ ਦੀ ਖ਼ੁਸ਼ੀ ਦਾ ਕੋਈ ਟਿਕਾਣਾ ਨਹੀਂ ਏ। ਇਸ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਇਹ ਖਾਸ ਤੌਰ ਤੇ ਦਿਲੋਂ ਧੰਨਵਾਦ ਕਰਦੇ ਨੇ। Byte ਜਲੰਧਰ ਵਿਚ ਵਸਦੇ ਇਨਾਂ ਪਰਿਵਾਰਾਂ ਨੇ ਭਾਜਪਾ ਦਾ ਧੰਨਵਾਦ ਕਰਨ ਲਈ ਸਾਬਕਾ ਮੰਤਰੀ ਤੇ ਭਾਜਪਾ ਕੌਮੀ ਕਾਰਜਕਾਰਨੀ ਦੇ ਮੈਂਬਰ***

*ਮਨੋਰੰਜਨ ਕਾਲੀਆ ਨਾਲ ਵੀ ਮੁਲਾਕਾਤ ਕੀਤੀ। ਯਕੀਨਨ ਕੇਂਦਰ ਸਰਕਾਰ ਵਲੋਂ ਇਨਾਂ ਪਰਿਵਾਰਾਂ ਨੂੰ ਨਾਗਰਿਕਤਾ ਸੋਧ ਕ਼ਾਨੂਨ ਲਾਗੂ ਕਰਨ ਨਾਲ ਦਿੱਤੀ ਇਹ ਸੌਗਾਤ ਇਨਾਂ ਦੇ ਜੀਵਨ ਵਿਚ ਨਵੀਆਂ ਖ਼ੁਸ਼ੀਆਂ ਲੈ ਕੇ ਆਵੇਗੀ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।*

---

ਫਤਹਿਗੜ੍ਹ ਸਾਹਿਬ ਜ਼ਿਲੇ ਦੇ ਮੰਡੀ ਗੋਬਿੰਦਗੜ੍ਹ ਵਿਖੇ ਦੇਸ਼ ਭਗਤ ਆਯੁਰਵੈਦਿਕ ਕਾਲਜ ਅਤੇ ਹਸਪਤਾਲ ਵੱਲੋਂ ਗਲੋਬਲ ਬੁੱਕ ਆਫ਼ ਐਕਸੀਲੈਂਸ ਇੰਗਲੈਂਡ ਲਈ ਅੱਜ ਸ਼ਲੋਕਾਂ ਦੇ ਪਾਠ ਅਤੇ ਯੋਗਾ ਪ੍ਰਦਰਸ਼ਨ ਦਾ ਆਯੋਜਨ ਕੀਤਾ ਗਿਆ । ਯੋਗਾ ਵਿੱਚ ਭੁੰਜਗ ਸ਼ਯਾਨਮ-ਆਸਨ ਵਿਲਾਸ ਵਿਚ ਬੀ ਏ ਐਮ ਐਸ ਪਹਿਲੇ ਸਾਲ ਦੇ 22 ਵਿਦਿਆਰਥੀਆਂ ਨੇ 13 ਮਿੰਟ ਵਿੱਚ 40 ਆਸਣ ਕਰਕੇ ਨਵਾਂ ਰਿਕਾਰਡ ਬਣਾਇਆ। ਵਾਈਸ ਚਾਂਸਲਰ ਡਾ: ਅਭਿਜੀਤ ਜੋਸ਼ੀ ਨੇ ਸੰਸਕ੍ਰਿਤ ਭਾਸ਼ਾ ਵਿੱਚ 10 ਮਿੰਟ ਤੱਕ ਨਾਨ-ਸਟਾਪ ਸਲੋਕਾਂ ਦੇ ਪਾਠ ਕਰਕੇ ਜਦਕਿ 60 ਵਿਦਿਆਰਥੀਆਂ ਨੇ ਅਸ਼ਟਾਂਗ ਹਰਿਦਯ ਅਨੁ-ਸ਼ੀਲਨਮ

ਵਿੱਚ ਤਿੰਨ ਪਾਠਾਂ ਦਾ ਉਚਾਰਨ ਕਰਕੇ 30 ਮਿੰਟ ਦਾ ਨਵਾਂ ਵਿਸ਼ਵ ਰਿਕਾਰਡ ਬਣਾਇਆ । ਇਸ ਸਮਾਗਮ ਦਾ ਸਿੱਧਾ ਪ੍ਰਸਾਰਣ ਵਿਦੇਸ਼ਾਂ ਵਿੱਚ ਦੇਖਿਆ ਗਿਆ । ਗਲੋਬਲ ਬੁੱਕ ਆਫ ਐਕਸੀਲੈਂਸ ਇੰਗਲੈਂਡ ਸੰਸਥਾ ਦੇ ਵਾਈਸ ਪ੍ਰੈਜ਼ੀਡੈਂਟ, ਸੰਜੇ ਪੰਜਵਾਨੀ ਨੇ ਇਨ੍ਹਾਂ ਰਿਕਾਰਡਾਂ ਦੀ ਪੁਸ਼ਟੀ ਕੀਤੀ। ਪ੍ਰੋਗਰਾਮ ਦੇ ਮੁੱਖ ਮਹਿਮਾਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ: ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ: ਤਜਿੰਦਰ ਕੌਰ ਰਹੇ । ਸਵਾਗਤੀ ਭਾਸ਼ਣ ਵਿਚ ਡਾ: ਅਭਿਜੀਤ ਜੋਸ਼ੀ ਨੇ ਕਿਹਾ ਕਿ ਕੌਮਾਂਤਰੀ ਪੱਧਰ ਦਾ ਅਜਿਹਾ ਪ੍ਰੋਗਰਾਮ ਪਹਿਲੀ ਵਾਰ ਦੇਸ਼ ਵਿਚ ਕਰਵਾਇਆ ਗਿਆ ਏ ਅਤੇ ਸ਼ੰਕਰਾਚਾਰੀਆ ਵੀ ਆਨਲਾਈਨ 'ਤੇ ਮੌਜੂਦ ਰਹੇ । ਪੇਸ਼ਕਾਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

-----------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਦੀ ਸਾਬਕਾ ਡਾਇਰੈਕਟਰ ਜਨਰਲ ਡਾ.ਨੀਲਿਮਾ ਜੈਰਥ ਨੂੰ ਸੰਯੁਕਤ ਰਾਸ਼ਟਰ ਵਲੋਂ ਨਾਮਜ਼ਦ 75 ਮਹਿਲਾ ਨੇਤਾਵਾਂ ਵਿਚ ਸ਼ਾਮਲ ਕੀਤਾ ਗਿਆ ਏ । ਇਹ

ਮਾਨਤਾ ਉਨ੍ਹਾਂ ਵਲੋਂ ਵਿਗਿਆਨ ਤੇ ਤਕਨਾਲੋਜੀ ਦੇ ਖੇਤਰ ਵਿਚ ਪਾਏ ਗਏ ਵੱਡਮੁੱਲੇ ਯੋਗਦਾਨ ਅਤੇ ਕੀਤੀ ਗਈ ਸ਼ਾਨਦਾਰ ਅਗਵਾਈ ਦੇ ਸਦਕਾ ਮਿਲੀ ਏ। ਇਸ ਮਾਨਤਾ ਲਈ ਸੰਯੁਕਤ ਰਾਸ਼ਟਰ ਵਲੋਂ ਸ਼ੁਰੂ ਚੋਣ ਪ੍ਰੀਕ੍ਰਿਆ ਅਧੀਨ ਅਨੋਖੇ ਗੁਣਾ ਦੀ ਅਗਵਾਈ ਦਾ ਪ੍ਰਦਰਸ਼ਨ ਕਰਨ ਵਾਲੀਆਂ ਔਰਤਾਂ ਦੀ ਪਛਾਣ ਲਈ ਕੌਮੀ ਪੱਧਰ ਤੇ ਸੱਦਾ ਦਿੱਤਾ ਗਿਆ ਸੀ । ਡਾ. ਨੀਲਿਮਾ ਜੈਰਥ ਸਮੇਤ ਇਹਨਾਂ 75 ਔਰਤਾਂ ਦੀ ਕਹਾਣੀ “ ਹਮ: ਵਹੇਨ ਵੂਮੈਨ ਲੀਡ” ਵਿਚ ਦਰਜ ਕੀਤੀ ਗਈ ਅਤੇ ਇਸ ਕਿਤਾਬ ਦੀ ਘੁੰਢ ਚੁਕਾਈ 19 ਮਾਰਚ ਨੂੰ ਸੰਯੁਕਤ ਰਾਸ਼ਟਰ ਦੇ ਨਿਊਯਾਰਕ ਸਥਿਤ ਹੈਡ ਕੁਆਰਟਰ ਵਿਖੇ ਕੀਤੀ ਜਾਵੇਗੀ।

--------------------------------------------------

ਪੰਜਾਬ ਵਿੱਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਕਾਰਨ ਅੱਜ ਤੋਂ ਮੌਸਮ ਵਿੱਚ ਬਦਲਾਅ ਦੇਖਣ ਨੂੰ ਮਿਲਿਆ ਏ ਅਤੇ ਕਈ ਜ਼ਿਲਿਆਂ ਵਿਚ ਸੰਘਣੀ ਬੱਦਲਵਾਈ ਬਣੀ ਹੋਈ ਏ। ਜਲੰਧਰ ਸਮੇਤ ਕੁਝ ਥਾਂਵਾਂ ਤੇ ਦਿਨ ਵੇਲੇ ਕਿਣ ਮਿਣ ਵੀ ਹੋਈ ਏ। ਮੌਸਮ ਵਿਭਾਗ ਨੇ 15 ਜ਼ਿਲਿਆਂ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ,

ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਮੋਗਾ, ਲੁਧਿਆਣਾ, ਫ ਤਿਹਗੜ੍ਹ ਸਾਹਿਬ, ਰੂਪਨਗਰ, ਪਟਿਆਲਾ ਅਤੇ ਐਸ ਏ ਐਸ ਨਗਰ ਜ਼ਿਲਿਆਂ ਲਈ ਯੈਲੋ ਅਲਰਟ ਜਾਰੀ ਕੀਤਾ ਏ । ਇਸ ਤਹਿਤ ਇਨ੍ਹਾਂ ਜ਼ਿਲ੍ਹਿਆਂ ਵਿੱਚ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ ਤੇ ਤੇਜ਼ ਗਰਜ ਅਤੇ ਬਿਜਲੀ ਚਮਕਣ ਨਾਲ ਮੀਂਹ ਪਵੇਗਾ ।

---

## ਆਖਿਰ ਵਿਚ ਖਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੋਈ 1.25 ਲੱਖ ਕਰੋੜ ਰੁਪਏ ਦੀਆਂ ਤਿੰਨ ਸੈਮੀਕੰਡਕਟਰ ਸਹੂਲਤਾਂ ਦਾ ਵੀਡੀਓ ਕਾਨਫਰੰਸਿੰਗ ਰਾਹੀਂ ਨੀਂਹ ਪੱਥਰ ਰੱਖਿਆ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਅਧਿਕਾਰੀਆਂ ਨੂੰ ਅਗਾਮੀ ਲੋਕ ਸਭਾ ਚੋਣਾਂ ਬਿਨਾਂ ਕਿਸੇ ਡਰ-ਭੈਅ, ਨਿਰਪੱਖ ਅਤੇ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਢੁਕਵੇਂ ਕਦਮ ਚੁੱਕਣ ਲਈ ਆਖਿਆ ।

- ਪੰਜਾਬ ਵਿੱਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਕਾਰਨ ਕਈ ਜ਼ਿਲਿਆਂ ਵਿਚ ਸੰਘਣੀ ਬੱਦਲਵਾਈ ਬਣੀ ਹੋਈ ਏ, ਮੌਸਮ ਵਿਭਾਗ ਨੇ ਹਨੇਰੀ ਝੱਖੜ ਝੂਲਣ ਤੇ ਮੀਂਹ ਦੀ ਚੇਤਾਵਨੀ ਦਿੱਤੀ।

**ਇਸਦੇ ਨਾਲ ਹੀ ਪ੍ਰਦੇਸ਼ਕ ਖ਼ਬਰਾਂ ਖਤਮ ਹੋਈਆਂ, ਨਮਸਕਾਰ !**